pstcl

# ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ

(ਰਜਿ: ਦਫਤਰ: ਪੀ.ਐਸ.ਈ.ਬੀ., ਹੈਡ ਆਫਿਸ,ਦੀ ਮਾਲ,ਪਟਿਆਲਾ-147001,ਪੰਜਾਬ,ਭਾਰਤ)
ਕਾਰਪੋਰੇਟ ਆਈ.ਡੀ.ਨੰ: U40109PB2010SGC033814
ਦਫਤਰ: ਉਪ ਮੁੱਖ ਇੰਜੀਨੀਅਰ/ ਐਚ.ਆਰ. ਤੇ ਪ੍ਰਬੰਧਕੀ,ਸ਼ਕਤੀ ਸਦਨ,ਪਟਿਆਲਾ।
ਫੈਕਸ ਨੰ: 0175-2220054 ਟੈਲੀਫੋਨ ਨੰ: 0175-2970693 ਵੈਬ ਸਾਈਟ: pstcl.org

ਵੱਲ

1) ਮੁੱਖ ਇੰਜੀਨੀਅਰ/ਟੀ.ਐਸ., ਪੀ.ਐਸ.ਟੀ.ਸੀ.ਐਲ.,ਪਟਿਆਲਾ।
2) ਮੁੱਖ ਇੰਜੀਨੀਅਰ/ਪੀ ਤੇ ਐਮ, ਪੀ.ਐਸ.ਟੀ.ਸੀ.ਐਲ.,ਲੁਧਿਆਣਾ।
3) ਮੁੱਖ ਇੰਜੀਨੀਅਰ/ਐਸ.ਐਲ.ਡੀ.ਸੀ., ਪੀ.ਐਸ.ਟੀ.ਸੀ.ਐਲ.,ਅਬਲੋਵਾਲ।
4) ਮੁੱਖ ਲੇਖਾ ਅਫਸਰ (ਐਫ. ਤੇ ਏ.), ਪੀ.ਐਸ.ਟੀ.ਸੀ.ਐਲ.,ਪਟਿਆਲਾ।
5) ਸੀ.ਐਫ.ਓ., ਪੀ.ਐਸ.ਟੀ.ਸੀ.ਐਲ.,ਪਟਿਆਲਾ।
6) ਕੰਪਨੀ ਸੈਕਟਰੀ, ਪੀ.ਐਸ.ਟੀ.ਸੀ.ਐਲ.,ਪਟਿਆਲਾ।
7) ਸਮੂਹ ਉਪ ਮੁੱਖ ਇੰਜੀਨੀਅਰ/ਨਿਗਰਾਨ ਇੰਜੀਨੀਅਰ, ਅਧੀਨ ਪੀ.ਐਸ.ਟੀ.ਸੀ.ਐਲ.।

**ਅਤਿ ਜ਼ਰੂਰੀ**
**ਸਮਾਂ ਬੱਧ**

ਮੀਮੋ ਨੰ: /SE/Admn. ਮਿਤੀ:

**ਵਿਸ਼ਾ:-** ਪੀ.ਐਸ.ਟੀ.ਸੀ.ਐਲ. ਅਧੀਨ ਕੰਮ ਕਰ ਰਹੇ ਅਧਿਕਾਰੀਆਂ/ਕਰਮਚਾਰੀਆਂ ਦੀਆਂ ਵਿੱਤੀ ਸਾਲ 2019-2020 ਦੀਆਂ ਗੁਪਤ ਯੋਗਤਾ ਰਿਪੋਰਟਾਂ ਭੇਜਣ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਪੰਜਾਬ ਰਾਜ ਬਿਜਲੀ ਬੋਰਡ ਦੇ ਰੈਗੂਲੇਸ਼ਨ ਭਾਗ ਦੇ ਪੱਤਰ ਮਿਤੀ ਨੰ:142376/3426/ਰੈਗੂਲੇਸ਼ਨ-20 ਮਿਤੀ 4.08.1976 ਵਿੱਚ ਜ਼ਾਰੀ ਕੀਤੀਆਂ ਹਦਾਇਤਾਂ ਦੀ ਰੋਸ਼ਨੀ ਵਿੱਚ ਅਤੇ COVID-19 ਦੇ ਚੱਲਦਿਆਂ ਕਰਫਿਊ/ਲਾਕਡਾਊਨ ਹੋਣ ਕਾਰਨ ਸਾਲ 2019-20 ਦੌਰਾਨ ਸਬੰਧਤ ਗਜ਼ਟੀ ਅਧਿਕਾਰੀਆਂ ਦੀਆਂ ਸਲਾਨਾ ਗੁਪਤ ਯੋਗਤਾ ਰਿਪੋਰਟਾਂ ਹਰ ਪੱਖੋਂ ਮੁਕੰਮਲ ਕਰਵਾਉਣ ਉਪਰੰਤ ਵਿਭਾਗਾਂ ਦੇ ਮੁੱਖੀਆਂ/ਸੰਸਥਾ ਦੁਆਰਾ ਸਮੇਤ ਸਪੰਤੀ ਸਾਰਣੀ ਦੀ ਕਾਪੀ ਜੋ ਪਹਿਲਾਂ ਮਿਤੀ 30 ਅਪ੍ਰੈਲ ਤੱਕ ਭੇਜਣੀਆਂ ਬਣਦੀਆਂ ਸਨ, ਉਹ ਹੁਣ ਮਿਤੀ 15.06.2020 ਤੱਕ ਇਸ ਦਫਤਰ ਨੂੰ ਹਰ ਹਾਲਤ ਵਿੱਚ ਭੇਜਣੀਆਂ ਸੁਨਿਸ਼ਚਿਤ ਕੀਤੀਆਂ ਜਾਣ ਜੀ।

ਆਮ ਤੌਰ ਤੇ ਇਹ ਵੇਖਣ ਵਿੱਚ ਆਇਆ ਹੈ ਕਿ ਸਲਾਨਾ ਗੁਪਤ ਯੋਗਤਾ ਰਿਪੋਰਟਾਂ ਲਿਖਣ ਸਮੇਂ ਇਸ ਦਫਤਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨਹੀਂ ਕੀਤੀ ਜਾਂਦੀ। ਸਿੱਟੇ ਵੱਜੋਂ ਇਸ ਦਫਤਰ ਨੂੰ ਵਾਧੂ ਪੱਤਰ ਵਿਹਾਰ ਕਰਨਾ ਪੈਂਦਾ ਹੈ, ਜਿਸ ਕਾਰਨ ਗੁਪਤ ਯੋਗਤਾ ਰਿਪੋਰਟਾਂ ਨੂੰ ਨੇਪਰੇ ਚਾੜਨ ਲਈ ਬਹੁਤ ਸਮਾਂ ਲੱਗ ਜਾਂਦਾ ਹੈ।

ਅਧਿਕਾਰੀਆਂ ਵੱਲੋਂ ਗੁਪਤ ਯੋਗਤਾ ਰਿਪੋਰਟਾਂ ਇੰਨੀਸ਼ੀਏਟ/ਰਿਪੋਰਟ/ਰੀਵਿਊ/ਮੰਨਜ਼ੂਰ ਕਰਨ ਸਮੇਂ ਆਪਣੇ ਨਾਂ/ਕੋਡ/ਦਫਤਰ ਦੀ ਮੋਹਰ ਲਗਾਈ ਜਾਣੀ ਸੁਨਿਸ਼ਚਿਤ ਕੀਤੀ ਜਾਵੇ ਜੀ।

ਆਪ ਜੀ ਦੀ ਸੰਸਥਾ ਅਧੀਨ ਜੇਕਰ ਕਿਸੇ ਅਧਿਕਾਰੀ/ ਕਰਮਚਾਰੀ ਦੀ ਕਿਸੇ ਸਮੇਂ ਦੀ ਗੁਪਤ ਯੋਗਤਾ ਰਿਪੋਰਟ ਲਿਖਣੀ ਨਹੀਂ ਬਣਦੀ ਤਾਂ ਗੁਪਤ ਯੋਗਤਾ ਰਿਪੋਰਟ ਵਿੱਚ ਰਿਪੋਰਟਿੰਗ ਅਫਸਰ ਦਾ ਨਾਮ/ਦਫਤਰ/ਠਹਿਰਨ ਦਾ ਸਮਾਂ ਜਾਂ ਫਿਰ ਅਧਿਕਾਰੀ/ਕਰਮਚਾਰੀ ਵੱਲੋਂ ਆਪਣੇ ਸਵੈ ਮੁਲਾਂਕਣ ਵਿੱਚ ਤਰੱਕੀ/ਬਦਲੀ ਦੇ ਕੇਸ ਵਿੱਚ ਗੁਪਤ ਯੋਗਤਾ ਰਿਪੋਰਟ ਨਾ ਲਿਖਣ ਦਾ ਸਮਾਂ, ਦਫਤਰ ਵੀ ਦਰਸਾਇਆ ਜਾਵੇ। ਅਧਿਕਾਰੀ/ਕਰਮਚਾਰੀ ਦੀ ਸਵੈ ਮੁਲਾਂਕਣ ਤੇ ਰਿਪੋਰਟਿੰਗ ਤੇ ਪੜਤਾਲੀਆ ਅਧਿਕਾਰੀਆਂ ਵੱਲੋਂ ਆਪਣੀ ਸਹਿਮਤੀ/ਅਸਹਿਮਤੀ ਵੀ ਦਰਸਾਈ ਜਾਵੇ ਜੀ।

ਉਪਰੋਕਤ ਅਨੁਸਾਰ ਮਿੱਥੇ ਸਮੇਂ ਤੋਂ ਬਾਅਦ ਭੇਜੀਆਂ ਰਿਪੋਰਟਾਂ ਵਿੱਚ ਦੇਰੀ ਦੇ ਕਾਰਨ ਸਪਸ਼ਟ ਕੀਤੇ ਜਾਣ ਤਾਂ ਜੋ ਇਹਨਾਂ ਕਾਰਨਾਂ ਨੂੰ ਉੱਚ ਅਧਿਕਾਰੀਆਂ ਅੱਗੇ ਸਪਸ਼ਟ ਕਰਦੇ ਹੋਏ ਗੁਪਤ ਯੋਗਤਾਂ ਰਿਪੋਰਟਾਂ ਸਵੀਕਾਰ/ਪ੍ਰਵਾਨ ਕਰਵਾਈਆਂ ਜਾ ਸਕਣ ਜੀ।

ਚਲਦਾ ਪੰਨਾਂ......

Scanned with CamSc

ਇੱਥੇ ਵਰਨਣਯੋਗ ਹੈ ਕਿ ਆਮ ਤੌਰ ਤੇ ਅਧਿਕਾਰੀ ਫੋਟੋਸਟੇਟ ਪੇਪਰ ਤੇ ਹੀ ਗੁਪਤ ਯੋਗਤਾ ਰਿਪੋਰਟ ਦਾ ਪ੍ਰੋਫਾਰਮਾ ਡਾਊਨਲੋਡ ਕਰਦੇ ਪ੍ਰਿੰਟ ਕਢਵਾ ਲੈਂਦੇ ਹਨ ਜਿਸ ਕਾਰਨ ਕਈ ਵਾਰ ਮੁਸ਼ਕਲ ਪੇਸ਼ ਆਉਂਦੀ ਹੈ। ਇਸ ਲਈ ਗੁਪਤ ਯੋਗਤਾ ਰਿਪੋਰਟ ਦਾ ਪ੍ਰੋਫਾਰਮਾ ਲੀਗਲ ਪੇਪਰ ਤੇ ਹੀ ਪ੍ਰਿੰਟ ਕਢਵਾਇਆ ਜਾਵੇ।

ਗੁਪਤ ਯੋਗਤਾ ਰਿਪੋਰਟ ਫਾਰਮ ਇੰਨੀਸ਼ੀਏਟ/ਰੀਵਿਊ/ਮੰਨਜ਼ੂਰ ਕਰਨ ਸਮੇਂ ਕਿਸੇ ਵੀ ਪ੍ਰਕਾਰ ਦੀ ਓਵਰ ਰਾਈਟਿੰਗ/ਕਟਿੰਗ/ਫਲਿਊਡ ਦੀ ਵਰਤੋਂ ਨਾ ਕੀਤੀ ਜਾਵੇ।

ਅਧਿਕਾਰੀ ਵੱਲੋਂ ਗੁਪਤ ਯੋਗਤਾ ਰਿਪੋਰਟ ਦੀ ਅਵਧੀ ਦੌਰਾਨ ਕੀਤੇ ਗਏ ਕੰਮਾਂ ਸਬੰਧੀ ਸਵੈ ਮੁਲਾਂਕਣ ਤੇ ਰਿਪੋਰਟਿੰਗ ਅਤੇ ਪੜਤਾਲੀਆ ਅਧਿਕਾਰੀਆਂ ਵੱਲੋਂ ਆਪਣੀ ਸਹਿਮਤੀ/ਅਸਹਿਮਤੀ ਦਰਸਾਉਂਦੇ ਹੋਏ ਸਹਿਮਤ ਹਾਂ ਜਾਂ ਅਸਹਿਮਤ ਹਾਂ ਦੇ ਕਥਨ ਦਰਜ ਕੀਤੇ ਜਾਣ। ਅਸਹਿਮਤੀ ਦੀ ਸੂਰਤ ਵਿੱਚ ਅਸਹਿਮਤ ਹੋਣ ਦੇ ਕਾਰਨ ਸਪਸ਼ਟ ਕੀਤੇ ਜਾਣ।

ਪੁਰਾਣੇ ਪੰ:ਰਾ:ਬਿ:ਬੋ: ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਜੇਕਰ ਕਿਸੇ ਰਿਪੋਰਟਿੰਗ ਅਧਿਕਾਰੀ ਦਾ ਸਮਾਂ 3 ਮਹੀਨੇ ਜਾਂ ਇਸ ਤੋ ਵੱਧ ਬਣਦਾ ਹੈ ਪ੍ਰੰਤੂ ਪੜਤਾਲੀਆ ਅਧਿਕਾਰੀ ਦਾ ਸਮਾਂ 3 ਮਹੀਨੇ ਤੋਂ ਘੱਟ ਬਣਦਾ ਹੋਵੇ ਤਾਂ ਅਜਿਹੇ ਮਾਮਲਿਆਂ ਵਿੱਚ ਗੁਪਤ ਯੋਗਤਾ ਰਿਪੋਰਟ ਤੇ ਹੀ ਕਾਰਨ ਸਪਸ਼ਟ ਕਰਦੇ ਹੋਏ, ਗੁਪਤ ਯੋਗਤਾ ਰਿਪੋਰਟ ਅਗਲੇ ਅਧਿਕਾਰੀ ਨੂੰ ਪ੍ਰਵਾਨਗੀ ਹਿਤ ਭੇਜ ਦਿੱਤੀ ਜਾਵੇ। ਅੰਤਿਮ ਪ੍ਰਵਾਨਗੀ ਅਥਾਰਟੀ ਦੇ ਸਮਾਂ 3 ਮਹੀਨੇ ਤੋ ਘੱਟ ਹੋਣ ਦੀ ਸੂਰਤ ਵਿੱਚ ਗੁਪਤ ਯੋਗਤਾ ਰਿਪੋਰਟ ਦੇ ਕਾਰਨ ਸਪਸ਼ਟ ਕਰਦੇ ਹੋਏ, ਗੁਪਤ ਯੋਗਤਾ ਰਿਪੋਰਟ ਫਾਰਮ ਆਪਣੇ ਦਫਤਰ ਵਿੱਚ ਰੱਖਣ ਦੀ ਬਜਾਏ ਸਿੱਧੇ ਤੌਰ ਤੇ ਉਪ ਮੁੱਖ ਇੰਜੀ:/ਐਚ.ਆਰ ਤੇ ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ ਦੇ ਦਫਤਰ ਨੂੰ ਭੇਜਿਆ ਜਾਵੇ ਤਾਂ ਜੋ ਸਬੰਧਤ ਅਧਿਕਾਰੀ ਦਾ ਰਿਕਾਰਡ ਮੁਕੰਮਲ ਕੀਤਾ ਜਾ ਸਕੇ।

ਰਿਪੋਰਟਿੰਗ/ਪੜਤਾਲੀਆ/ਪ੍ਰਵਾਨ ਕਰਤਾ ਅਧਿਕਾਰੀਆਂ ਵੱਲੋਂ ਜੇਕਰ ਕਿਸੇ ਅਧਿਕਾਰੀ ਦੀ ਗੁਪਤ ਯੋਗਤਾ ਰਿਪੋਰਟ ਲਿਖਣ ਸਮੇਂ ਉਸਦੀ ਗ੍ਰੇਡਿੰਗ "ਸ਼ੇਸ਼ਟ" ਜਾਂ "ਔਸਤ ਤੋ ਹੇਠਾਂ" ਦਰਜ ਕੀਤੀ ਜਾਂਦੀ ਹੈ ਤਾਂ ਇਸ ਸਬੰਧੀ ਸਬੰਧਤ ਦਸਤਾਵੇਜ ਨੱਥੀ ਕੀਤੇ ਜਾਣ। ਇਸ ਤੋਂ ਇਲਾਵਾ ਅਧਿਕਾਰੀ ਦੀ ਦਿਆਨਤਦਾਰੀ "ਸ਼ੱਕੀ" ਦਰਜ ਕੀਤੀ ਜਾਂਦੀ ਹੈ ਤਾਂ ਉਸ ਸਬੰਧੀ ਵੀ ਸਬੰਧਤ ਦਸਤਾਵੇਜ ਨਾਲ ਨੱਥੀ ਕੀਤੇ ਜਾਣ ਤਾਂ ਜੋ ਗੁਪਤ ਯੋਗਤਾ ਰਿਪੋਰਟ ਤੇ ਸਮੇਂ ਸਿਰ ਕਾਰਵਾਈ ਕੀਤੀ ਜਾ ਸਕੇ।

ਇਹਨਾਂ ਜਾਰੀ ਹਦਾਇਤਾਂ ਸਬੰਧੀ ਆਪ ਜੀ ਦੇ ਅਧੀਨ ਕੰਮ ਕਰਦੇ ਸਮੂਹ ਗਜ਼ਟੀ ਅਤੇ ਨਾਨ-ਗਜ਼ਟੀ ਅਧਿਕਾਰੀਆਂ ਨੂੰ ਜਾਣੂ ਕਰਵਾ ਦਿੱਤਾ ਜਾਵੇ ਜੀ।

-ਸਹੀ-

ਉਪ ਮੁੱਖ ਇੰਜੀ:/ਐਚ.ਆਰ. ਤੇ ਪ੍ਰਬੰਧਕੀ,
ਪੀ.ਐਸ.ਟੀ.ਸੀ.ਐਲ.,ਪਟਿਆਲਾ।

ਪਿੱਠ ਅੰਕਣ ਨੰ: 4698/4703/SE/Admn. ਮਿਤੀ 8/6/2020

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸੀਨੀ. ਪੀ.ਐਸ. ਟੂ ਸੀ.ਐਮ.ਡੀ., ਪੀ.ਐਸ.ਟੀ.ਸੀ.ਐਲ.,ਪਟਿਆਲਾ।
2. ਉਪ ਸਕੱਤਰ ਟੂ ਡਾਇਰੈਕਟਰ/ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ.,ਪਟਿਆਲਾ।
3. ਸੀਨੀ. ਪੀ.ਐਸ. ਟੂ ਡਾਇਰੈਕਟਰ/ਐਫ. ਤੇ ਸੀ., ਪੀ.ਐਸ.ਟੀ.ਸੀ.ਐਲ.,ਪਟਿਆਲਾ।
4. ਸੀਨੀ.ਪੀ.ਐਸ. ਟੂ ਡਇਰੈਕਟਰ/ਟੈਕਨੀਕਲ, ਪੀ.ਐਸ.ਟੀ.ਸੀ.ਐਲ.,ਪਟਿਆਲਾ।
5. ਸੈਕਟਰੀ ਬੀ.ਬੀ.ਐਮ.ਬੀ., ਮੱਧਯ ਮਾਰਗ, ਸੈਕਟਰ- 19-ਬੀ., ਚੰਡੀਗੜ੍ਹ।
6. ਉਪ ਮੁੱਖ ਇੰਜੀ:/ਆਈ.ਟੀ., ਪੀ.ਐਸ.ਟੀ.ਸੀ.ਐਲ.,ਪਟਿਆਲਾ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਉਪਰੋਕਤ ਹਦਾਇਤਾਂ ਨੂੰ ਪੀ.ਐਸ.ਟੀ.ਸੀ.ਐਲ., ਪਟਿਆਲਾ ਦੀ ਵੈਬਸਾਈਟ ਤੇ ਪਾਇਆ ਜਾਵੇ ਜੀ।

ਉਪ ਮੁੱਖ ਇੰਜੀ:/ਐਚ.ਆਰ. ਤੇ ਪ੍ਰਬੰਧਕੀ,
ਪੀ.ਐਸ.ਟੀ.ਸੀ.ਐਲ.,ਪਟਿਆਲਾ।

Scanned with CamSc